ਬਰਨਾਲਾ ਇਲਾਕੇ ਦੀ ਮਸਹੂਰ ਸੰਸਥਾ ਦੇ ਵਿਦਿਆਰਥੀਆਂ ਨੇ ਅੱਜ ਮਿਤੀ 19 ਜੁਲਾਈ ਨੂੰ ਜਿਲਾ ਰੁਜਗਾਰ ਦਫਤਰ ਦਾ ਦੌਰਾ ਕੀਤਾ। ਇਸ ਦੌਰੇ ਵਿਚ ਤਕਰੀਬਨ 25 ਵਿਦਿਆਰਥੀਆਂ ਨੇ ਹਿੱਸਾ ਲਿਆ, ਜਿੱਥੇ ਰੁਜਗਾਰ ਦਫਤਰ ਦੇ ਪ੍ਰਬੰਧਕਾਂ ਨੇ ਵਿਦਿਆਰਥੀਆਂ ਨੂੰ ਉਹਨਾਂ ਦੇ ਭਵਿੱਖ ਨੂੰ ਸੁਨਿਹਰਾ ਬਣਾਉਣ ਲਈ ਕਿੱਤਾ ਮੁਖੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ। ਉਹਨਾਂ ਦੱਸਿਆ ਕਿ ਵਿਦਿਆਰਥੀਆਂ ਨੂੰ ਤਕਨੀਕੀ ਸਿੱਖਿਆ ਦੇ ਨਾਲ-ਨਾਲ ਅੱਜ ਦੇਸ ਦੇ ਕੋਨੇ-ਕੋਨੇ ਵਿਚ ਚੱਲ ਰਹੇ ਕਈ ਤਰਾਂ ਦੇ ਕਿੱਤਾ ਮੁਖੀ ਕੋਰਸ ਕਰਕੇ ਆਪਣੇ ਭਵਿੱਖ ਨੂੰ ਉੱਜਵਲ ਬਣਾ ਸਕਦੇ ਹਨ। ਇਸ ਮੌਕੇ ਵਿਦਿਆਰਥੀਆਂ ਦੇ ਨਾਲ ਪਹੁੰਚੇ ਕਾਲਜ ਦੇ ਅਸਿਸਟੈਂਟ ਪ੍ਰੋਫੈਸਰ ਸ੍ਰੀਮਤੀ ਮਨਜੀਤ ਕੌਰ ਅਤੇ ਸ੍ਰੀਮਤੀ ਮੰਜੂ ਬਾਂਸਲ ਨੇ ਦੱਸਿਆ ਕਿ ਜਿਲਾ ਰੁਜਗਾਰ ਦੇ ਪ੍ਰਬੰਧਕਾਂ ਵੱਲੋਂ ਦਿੱਤੀ ਗਈ ਜਾਣਕਾਰੀ ਵਿਦਿਆਰਥੀਆਂ ਲਈ ਲਾਹੇਵੰਦ ਹੋਵੇਗੀ ਅਤੇ ਉਹ ਕਿੱਤਾ ਮੁਖੀ ਕੋਰਸ ਅਪਣਾ ਕੇ ਆਪਣੇ ਭਵਿੱਖ ਨੂੰ ਸੁਨਿਹਰਾ ਬਣਾ ਸਕਦੇ ਹਨ। ਇਸ ਮੌਕੇ ਤੇ ਕਾਲਜ ਦੇ ਕੈਂਪਸ ਡਾਇਰੈਕਟਰ ਡਾ ਅਜੇ ਕੁਮਾਰ ਮਿੱਤਲ ਜੀ ਨੇ ਦੱਸਿਆ ਜਿਲਾ ਰੁਜਗਾਰ ਦਫਤਰ ਦਾ ਇਹ ਉਪਰਾਲਾ ਬਹੁਤ ਹੀ ਸਲਾਘਾਯੋਗ ਹੈ।

Director
Aryabhatta College
Vill. Cheema-Jodhpur
Bazakhana Road,Barnala